# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 09-11-2024**

- ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਏ ਕਿ ਸਿੱਖਿਆ ਵਿੱਚ ਨਿਵੇਸ਼ ਕਰਨਾ, ਸਮਾਜ ਦੀ ਸੇਵਾ ਕਰਨ ਦਾ ਸਭ ਤੋਂ ਪ੍ਰਭਾਵਸ਼ਾਲੀ ਤਰੀਕਾ ਏ।
- ਕੇਂਦਰ ਸਰਕਾਰ ਨੇ ਕਿਹਾ ਏ ਕਿ ਪੰਜਾਬ ਦੀਆਂ ਮੰਡੀਆਂ ਵਿੱਚ, 126 ਲੱਖ ਮੀਟ੍ਰਿਕ ਟਨ ਤੋਂ ਵੱਧ ਝੋਨਾ ਪਹੁੰਚ ਚੁੱਕਾ ਏ।
- ਪੰਜਾਬ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ ਲਗਾਤਾਰ ਵਾਧਾ -ਪਰਾਲੀ ਸਾੜ੍ਹਨ ਦੇ ਹੁਣ ਤੱਕ 5 ਹਜ਼ਾਰ 299 ਮਾਮਲੇ ਦਰਜ ਹੋਏ ।
- ਕੌਮੀ ਕਾਨੂੰਨੀ ਸੇਵਾਵਾਂ ਦਿਵਸ ਮੌਕੇ ਅੱਜ ਪੰਜਾਬ ਸਮੇਤ ਦੇਸ਼ ਭਰ ਵਿਚ ਵੱਖ-ਵੱਖ ਥਾਂਵਾ ਤੇ ਜ਼ਿਲ੍ਹਾ ਪੱਧਰੀ ਸੈਮੀਨਾਰ ਕਰਵਾਏ ਗਏ।

- ਭਾਰਤ ਦੀ ਮਰਦਾਂ ਦੀ ਹਾਕੀ ਟੀਮ ਦੇ ਕਪਤਾਨ ਹਰਮਨਪ੍ਰੀਤ ਸਿੰਘ ਅਤੇ ਸਾਬਕਾ ਗੋਲਕੀਪਰ ਪੀ.ਆਰ. ਸ਼੍ਰੀਜੇਸ਼ ਨੇ, ਸਾਲ 2024 ਲਈ, FIH ਪਲੇਅਰ ਆਫ ਦ ਈਯਰ ਅਤੇ ਗੋਲਕੀਪਰ ਆਫ ਦ ਈਯਰ ਖਿਤਾਬ ਜਿੱਤੇ।

---

ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਕਿ ਇੱਕ ਵਿਕਸਤ ਰਾਸ਼ਟਰ ਬਣਨ ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਖੋਜ ਅਤੇ ਕਾਡਾਂ ਮੁੱਖ ਤੱਤ ਨੇ। ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰੀ ਤਕਨੋਲੋਜੀ ਸੰਸਥਾਨ ਦੇ ਚੌਥੇ ਕਨਵੋਕੇਸ਼ਨ ਸਮਾਗਮ ਨੂੰ ਸੰਬੋਧਨ ਕਰਦਿਆਂ, ਸ੍ਰੀ ਧਨਖੜ ਨੇ ਇਸ ਗੱਲ 'ਤੇ ਚਾਨਣਾ ਪਾਇਆ, ਕਿ ਖੋਜ ਅਤੇ ਕਾਡਾਂ ਦੇ ਖੇਤਰ ਵਿੱਚ, ਦੇਸ਼ ਕਿੰਨਾ ਉੱਚਾ ਸਥਾਨ ਰੱਖਦਾ ਏ, ਇਹ ਵਿਸ਼ਵ ਭਾਈਚਾਰੇ ਲਈ, ਇਸਦੀ ਸਮਰੱਥਾ ਨੂੰ ਪਰਿਭਾਸ਼ਤ ਕਰੇਗਾ। ਉਨ੍ਹਾਂ ਨੇ ਵਿਦਿਅਕ ਅਦਾਰਿਆਂ ਨੂੰ ਕਾਡਾਂ ਅਤੇ ਖੋਜ ਦੇ ਆਧਾਰ ਵਜੋਂ ਆਪਣੀ ਸਮਰੱਥਾ ਦਾ ਇਸਤੇਮਾਲ ਕਰਨ ਦਾ ਸੱਦਾ ਦਿੱਤਾ। ਸ੍ਰੀ ਧਨਖੜ ਨੇ ਕਾਰਪੋਰੇਟ ਅਦਾਰਿਆਂ ਨੂੰ ਵੀ ਇਸ ਮਿਸ਼ਨ ਵਿੱਚ ਭਰਪੂਰ ਯੋਗਦਾਨ ਪਾਉਣ ਦੀ

ਅਪੀਲ ਕੀਤੀ । ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਵਪਾਰ, ਉਦਯੋਗ, ਅਤੇ ਵਣਜ ਦੀਆਂ ਐਸੋਸੀਏਸ਼ਨਾਂ ਨੂੰ, ਉਦਾਰ ਵਿੱਤੀ ਯੋਗਦਾਨਾਂ ਰਾਹੀਂ, ਖੋਜ ਅਤੇ ਕਾਡਾਂ ਨੂੰ ਉਤਸ਼ਾਹਿਤ ਕਰਨ ਲਈ ਅੱਗੇ ਆਉਣਾ ਚਾਹੀਦਾ ਏ । ਸ੍ਰੀ ਧਨਖੜ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਸਿੱਖਿਆ ਵਿੱਚ ਨਿਵੇਸ਼ ਸਮਾਜ ਦੀ ਸੇਵਾ ਕਰਨ ਦਾ ਸਭ ਤੋਂ ਪ੍ਰਭਾਵਸ਼ਾਲੀ ਤਰੀਕਾ ਏ ਕਿਉਂਕਿ ਇਹ ਮਨੁੱਖੀ ਸਰੋਤਾਂ ਨੂੰ ਅਮੀਰ ਬਣਾਉਂਦਾ ਏ ਅਤੇ ਸਾਡੇ ਮੌਜੂਦਾ ਸਮੇ ਅਤੇ ਭਵਿੱਖ ਨੂੰ ਸੁਰੱਖਿਅਤ ਕਰਦਾ ਏ । ਉਨ੍ਹਾਂ ਕਿਹਾ ਕਿ ਸਿੱਖਿਆ ਦਾ ਮੂਲ ਰੂਪ, ਸਮਾਜ ਦੀ ਸੇਵਾ ਏ ।ਉਨ੍ਹਾਂ ਕਿਹਾ ਕਿ ਵਿਸ਼ਵ ਦੀਆਂ ਕੁਝ ਪ੍ਰਮੁੱਖ ਸੰਸਥਾਵਾਂ, ਆਪਣੇ ਸਾਬਕਾ ਵਿਦਿਆਰਥੀਆਂ ਦੇ ਸਥਾਈ ਸਮਰਥਨ ਅਤੇ ਉਤਸ਼ਾਹ 'ਤੇ ਅੱਗੇ ਵਧਦੀਆਂ ਨੇ । ਇਸ ਮੌਕੇ ਉਪ ਰਾਸ਼ਟਰਪਤੀ ਨੇ ਸੰਸਥਾ ਦੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ।

----------------------------------------------------

ਸਰਕਾਰ ਨੇ ਦੱਸਿਆ ਏ ਕਿ ਪੰਜਾਬ ਦੀਆਂ ਮੰਡੀਆਂ ਵਿੱਚ 126 ਲੱਖ ਮੀਟ੍ਰਿਕ ਟਨ ਤੋਂ ਵੱਧ ਝੋਨੇ ਦੀ ਆਮਦ ਹੋਈ ਏ । ਇਸ ਵਿੱਚੋਂ, 120 ਲੱਖ

ਮੀਟ੍ਰਿਕ ਟਨ ਤੋਂ ਵੱਧ ਦੀ ਖਰੀਦ ਸੂਬਾ ਏਜੰਸੀਆਂ ਅਤੇ ਭਾਰਤੀ ਖੁਰਾਕ ਨਿਗਮ ਵੱਲੋਂ ਕੀਤੀ ਗਈ ਸੀ । ਖਪਤਕਾਰ ਮਾਮਲਿਆਂ, ਖੁਰਾਕ ਅਤੇ ਜਨਤਕ ਵੰਡ ਬਾਰੇ ਮੰਤਰਾਲੇ ਨੇ ਕਿਹਾ ਕਿ ਗ੍ਰੇਡ 'ਏ' ਝੋਨੇ ਲਈ 2 ਹਜ਼ਾਰ 320 ਰੁਪਏ ਪ੍ਰਤੀ ਕੁਇੰਟਲ ਦੇ ਘੱਟੋ-ਘੱਟ ਸਮਰਥਨ ਮੁੱਲ 'ਤੇ ਝੋਨਾ ਖਰੀਦਿਆ ਜਾ ਰਿਹਾ ਏ । ਮੌਜੂਦਾ ਸਾਉਣੀ ਮੰਡੀਕਰਨ ਰੁਤ ਦੌਰਾਨ ਸਰਕਾਰ ਵੱਲੋਂ ਹੁਣ ਤੱਕ ਕੁੱਲ 27 ਹਜ਼ਾਰ 995 ਕਰੋੜ ਰੁਪਏ ਦਾ ਝੋਨਾ ਖਰੀਦਿਆ ਗਿਆ ਏ । ਇਸ ਨਾਲ ਲਗਭਗ 6 ਲਖ 58 ਹਜ਼ਾਰ ਕਿਸਾਨਾਂ ਨੂੰ ਫਾਇਦਾ ਹੋਇਆ ਏ । ਪੰਜਾਬ ਵਿੱਚ ਸਾਉਣੀ ਮੰਡੀਕਰਨ ਸੀਜ਼ਨ 2024-25 ਲਈ ਝੋਨੇ ਦੀ ਖਰੀਦ, ਪਹਿਲੀ ਅਕਤੂਬਰ ਤੋਂ ਸ਼ੁਰੂ ਹੋ ਗਈ ਏ । ਸੂਬੇ ਭਰ ਵਿੱਚ ਝੋਨੇ ਦੀ ਨਿਰਵਿਘਨ ਖਰੀਦ ਲਈ 2 ਹਜ਼ਾਰ 927 ਤੈਅ ਮੰਡੀਆਂ ਅਤੇ ਆਰਜ਼ੀ ਯਾਰਡ ਚੱਲ ਰਹੇ ਨੇ। ਕੇਂਦਰ ਸਰਕਾਰ ਨੇ ਇਸ ਮਹੀਨੇ ਦੀ 30 ਤਰੀਕ ਤੱਕ ਜਾਰੀ ਰਹਿਣ ਵਾਲੇ ਮੰਡੀਕਰਨ ਸੀਜ਼ਨ ਲਈ 185 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਦਾ ਟੀਚਾ ਮਿੱਥਿਆ ਏ ।

-------------------------------------------------------

ਪੰਜਾਬ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਏ, ਜਿਸ ਦਾ ਅਸਰ ਪੰਜਾਬ ਦੇ ਨਾਲ-ਨਾਲ ਚੰਡੀਗੜ੍ਹ ਵਿੱਚ ਵੀ ਦੇਖਣ ਨੂੰ ਮਿਲ ਰਿਹਾ ਏ । ਪੰਜਾਬ ਵਿੱਚ ਪਰਾਲੀ ਸਾੜ੍ਹਨ ਦੇ ਹੁਣ ਤੱਕ 5 ਹਜ਼ਾਰ 299 ਮਾਮਲੇ ਦਰਜ ਹੋ ਚੁੱਕੇ ਨੇ। ਜਿਨ੍ਹਾਂ ਵਿੱਚੋਂ ਪਿਛਲੇ 10 ਦਿਨਾਂ ਵਿੱਚ ਹੀ 3 ਹਜ਼ਾਰ 162 ਮਾਮਲੇ ਦਰਜ ਕੀਤੇ ਗਏ ਨੇ। ਪੰਜਾਬ ਵਿੱਚ ਸਖ਼ਤੀ ਦੇ ਬਾਵਜੂਦ ਇਸ ਨੂੰ ਰੋਕਣਾ ਮੁਸ਼ਕਲ ਹੁੰਦਾ ਜਾ ਰਿਹਾ ਏ । ਪੰਜਾਬ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਨਾ ਰੁਕਣ ਕਾਰਨ ਚੰਡੀਗੜ੍ਹ ਰੈੱਡ ਜ਼ੋਨ ਵਿੱਚ ਪਹੁੰਚ ਗਿਆ ਏ, ਜਦਕਿ ਪੰਜਾਬ ਦੇ 5 ਜ਼ਿਲ੍ਹੇ ਔਰੇਂਜ ਜ਼ੋਨ ‘ਚ ਨੇ। ਚੰਡੀਗੜ੍ਹ ਦਾ ਹਵਾ ਗੁਣਵੱਤਾ ਸੂਚਕ ਅੰਕ AQI ਅੱਧੀ ਰਾਤ ਨੂੰ 325 ਅਤੇ ਵੱਧ ਤੋਂ ਵੱਧ 408 ਦਰਜ ਕੀਤਾ ਗਿਆ। ਇਸ ਦੇ ਨਾਲ ਹੀ, ਪੰਜਾਬ ਦੇ ਮੰਡੀ ਗੋਬਿੰਦਗੜ੍ਹ ਵਿੱਚ AQI 280 ਦਰਜ ਕੀਤਾ ਗਿਆ. ਅੰਮ੍ਰਿਤਸਰ ਵਿੱਚ, AQI 240 ਸੀ, ਇਸੇ ਤਰ੍ਹਾਂ ਬਠਿੰਡਾ ਦਾ ਔਸਤ AQI

170, ਜਲੰਧਰ 173, ਖੰਨਾ 202, ਲੁਧਿਆਣਾ 216, ਪਟਿਆਲਾ 148 ਅਤੇ ਰੂਪਨਗਰ 225 ਦਰਜ ਕੀਤਾ ਗਿਆ ਏ।

---------------------------------------------------

ਫ਼ਰੀਦਕੋਟ ਜ਼ਿਲ੍ਹੇ ਵਿੱਚ ਝੋਨੇ ਦੀ ਵਾਢੀ ਮਗਰੋਂ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਪੂਰੀ ਤਰ੍ਹਾਂ ਰੋਕਣ ,ਚੌਗਿਰਦੇ ਦੀ ਸੰਭਾਲ, ਕਿਸਾਨਾਂ ਨੂੰ ਨਵੀਆਂ ਖੇਤੀ ਤਕਨੀਕਾਂ ਨਾਲ ਪਰਾਲੀ ਦੇ ਨਿਪਟਾਰੇ ਲਈ ਜਾਗਰੂਕ ਕਰਨ ਵਾਸਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਏ। ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਤੇ SSP ਡਾ ਪ੍ਰਗਿਆ ਜੈਨ ਤੋ ਇਲਾਵਾ ਸਮੂਹ ਪ੍ਰਸ਼ਾਸਨਿਕ ਅਧਿਕਾਰੀਆ ਵਲੋਂ ਆਪੋ ਆਪਣੇ ਅਲਾਟ ਪਿੰਡਾਂ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਦਾ ਪਤਾ ਲੱਗਣ ਤੇ ਤੁਰੰਤ ਅੱਗ ਤੇ ਕਾਬੂ ਪਾਉਣ ਤੋਂ ਇਲਾਵਾ ਅੱਗ ਲਗਾਉਣ ਵਾਲੇ ਜਿੰਮੇਵਾਰ ਲੋਕਾਂ ਵਿਰੁੱਧ ਲੋੜੀਦੀ ਕਾਰਵਾਈ ਵੀ ਹੋਂਦ ਵਿੱਚ ਲਿਆਂਦੀ ਗਈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕੱਲ ਤੱਕ ਪੰਜਾਬ ਰਿਮੋਰਟ ਸੈਂਸਰਿੰਗ ਬੋਰਡ ਲੁਧਿਆਣਾ ਵੱਲੋਂ ਪ੍ਰਾਪਤ ਹੋਈ ਰਿਪੋਰਟ ਮੁਤਾਬਕ ਜਿਲ੍ਹੇ

ਵਿੱਚ 147 ਅੱਗ ਲੱਗਣ ਮਾਮਲੇ ਸਾਹਮਣੇ ਆਏ । ਇਨ੍ਹਾਂ ਚੋਣ 82 ਮਾਮਲਿਆਂ ਤੇ ਐਫ.ਆਈ.ਆਰ ਦਰਜ ਕੀਤੀਆਂ ਗਈਆਂ ਅਤੇ ਉਨ੍ਹਾਂ ਦੇ ਮਾਲ ਰਿਕਾਰਡ ਵਿੱਚ ਲਾਲ ਇੰਦਰਾਜ ਕੀਤਾ ਗਿਆ। ਅੱਗ ਲਗਾਉਣ ਵਾਲੇ ਵਿਅਕਤੀਆਂ ਨੂੰ ਹੁਣ ਤੱਕ 2 ਲੱਖ 32 ਹਜ਼ਾਰ 500 ਰੁਪਏ ਜੁਰਮਾਨਾ ਵੀ ਕੀਤਾ ਗਿਆ ਏ ।

----------------------------------------------------

ਆਰਮੀ ਵਾਈਵਜ਼ ਵੈਲਫੇਅਰ ਐਸੋਸੀਏਸ਼ਨ ਵੱਲੋਂ ਪੰਚਕੂਲਾ ਦੇ ਚੰਡੀਮੰਦਰ ਵਿਖੇ ਸਾਹਿਤਕ ਉਤਸਵ 'ਅਭਿਵਯਕਤੀ' ਦਾ ਆਯੋਜਨ ਕੀਤਾ ਜਾ ਰਿਹਾ ਏ। ਅੱਜ ਦੂਜੇ ਦਿਨ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਕਿਹਾ ਕਿ ਫੌਜ ਦੇ ਲੋਕ ਹੁਣ ਲਿਖਤੀ ਕੰਮ ਵਿੱਚ ਮੋਹਰੀ ਭੂਮਿਕਾ ਅਦਾ ਕਰ ਰਹੇ ਨੇ। ਉਹ ਆਪਣੀਆਂ ਲਿਖਤਾਂ ਰਾਹੀਂ ਦੇਸ਼ ਵਿੱਚ ਲੜੀਆਂ ਗਈਆਂ ਵੱਖ-ਵੱਖ ਜੰਗਾਂ ਵਿੱਚ ਬਹਾਦਰੀ ਦੀਆਂ ਕਹਾਣੀਆਂ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾ ਰਹੇ ਨੇ। ਰਾਜਪਾਲ ਨੇ ਕਿਹਾ ਕਿ ਉਹ, ਉਤਸਵ ਵਿਚ ਇਹ ਜਾਣਨ ਲਈ ਆਏ ਨੇ ਕਿ ਇੱਕ ਸਾਹਿਤਕਾਰ ਦੀ ਕਲਮ ਆਉਣ

ਵਾਲੀਆਂ ਪੀੜ੍ਹੀਆਂ ਨੂੰ ਕੀ ਦੇ ਸਕਦੀ ਏ। ਉਨ੍ਹਾਂ ਕਿਹਾ ਕਿ ਸਾਹਿਤ ਦਾ ਕੋਈ ਵੀ ਪਹਿਲੂ ਹੋਵੇ ਚਾਹੇ ਉਹ ਕਵਿਤਾ ਹੋਵੇ, ਭਾਸ਼ਣ ਜਾਂ ਲੇਖਣੀ ਹੋਵੇ, ਵਿਚਾਰਾਂ ਨੂੰ ਲੋਕਾਂ ਤਕ ਨੂੰ ਕਿਸੇ ਵੀ ਤਰੀਕੇ ਨਾਲ ਪਹੁੰਚਾਇਆ ਜਾ ਸਕਦਾ ਏ ।

---------------------------------------------------------------

ਕੌਮੀ ਕਾਨੂੰਨੀ ਸੇਵਾਵਾਂ ਦਿਵਸ ਮੌਕੇ ਅੱਜ ਪੰਜਾਬ ਸਮੇਤ ਦੇਸ਼ ਭਰ ਵਿਚ ਵੱਖ-ਵੱਖ ਥਾਂਵਾ ਤੇ ਜ਼ਿਲ੍ਹਾ ਪੱਧਰੀ ਸੈਮੀਨਾਰ ਕਰਵਾਏ ਗਏ। ਇਸ ਦੌਰਾਨ ਕਾਨੂੰਨੀ ਸਿਖਿਆ ਦੇ ਵਿਦਿਆਰਥੀਆ ਸਕੂਲਾ ਦੇ ਵਿਦਿਆਰਥੀਆ ਅਤੇ ਹੋਰਨਾਂ ਨੂੰ ਕਾਨੂੰਨੀ ਸਹਾਇਤਾ ਦਿਵਸ ਬਾਰੇ ਦੱਸਿਆ ਗਿਆ । ਇਸ ਦੌਰਾਨ ਕਾਨੂੰਨੀ ਵਿਦਿਆਰਥੀਆ, ਸਕੂਲਾ ਦੇ ਵਿਦਿਆਰਥੀਆ ਅਤੇ ਹੋਰਨਾਂ ਲੋਕਾਂ ਨੂੰ ਕਾਨੂੰਨੀ ਸਹਾਇਤਾ ਦਿਵਸ ਬਾਰੇ ਦੱਸਿਆ ਗਿਆ। ਬਠਿੰਡਾ ਜਿਲ੍ਹਾ ਅਤੇ ਸੈਸ਼ਨ ਜੱਜ ਸੁਮੀਤ ਮਲਹੋਤਰਾ ਨੇ ਦੱਸਿਆ ਕਿ ਸੰਵਿਧਾਨ ਦੀ 42 ਵੀਂ ਸੋਧ ਤਹਿਤ ਮੁਫਤ ਕਾਨੂੰਨੀ ਸਹਾਇਤਾ ਨੂੰ ਸੂਬੇ ਦੀ ਨੀਤੀ ਦੇ ਨਿਰਦੇਸ਼ਕ ਸਿਧਾਂਤਾਂ ਚ ਸ਼ਾਮਲ ਕੀਤਾ ਗਿਆ ਏ। ਇਹਨਾਂ ਨੂੰ ਅਮਲੀ ਜਾਮਾ ਪਹਿਣਾਉਣ ਲਈ ਕਾਨੂੰਨੀ ਸੇਵਾਵਾਂ

ਅਥਾਰਟੀ ਐਕਟ 1987 ਪਾਸ ਕੀਤਾ ਜੋ ਕਿ 9 ਨਵੰਬਰ 1995 ਨੂੰ ਪੂਰੇ ਮੁਲਕ 'ਚ ਲਾਗੂ ਹੋਇਆ। ਇਸ ਤਹਿਤ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀਆਂ ਤੇ ਤਾਲੁਕਾ ਲੀਗਲ ਸਰਵਿਸ ਕਮੇਟੀਆਂ ਬਣਾਈਆਂ ਗਈਆਂ। ਉਹਨਾਂ ਦੱਸਿਆ ਕਿ ਇਸ ਦੀ ਸਥਾਪਨਾ ਦਾ ਮੁੱਖ ਮੰਤਵ ਸਮਾਜ ਦੇ ਪਿਛੜੇ ਜਾਂ ਗਰੀਬ ਤਬਕੇ ਨੂੰ ਆਰਥਿਕ ਸਰੋਤਾਂ ਦੀ ਘਾਟ ਹੋਣ 'ਤੇ ਮੁਫ਼ਤ ਕਾਨੂੰਨੀ ਸੇਵਾ ਲਈ ਵਕੀਲ ਮੁਹੱਈਆ ਕਰਨਾ ਏ। ਅੰਮ੍ਰਿਤਸਰ ਦੇ ਮੁਖ ਨਿਆਂਇਕ ਮੇਜੀਸਟ੍ਰੈਟ ਅਮਰਦੀਪ ਸਿੰਘ ਬੈਂਸ ਨੇ ਦੱਸਿਆ ਕਿ ਜਿਸ ਕਿਸੇ ਨੂੰ ਵੀ ਮੁਫਤ ਕਾਨੂੰਨੀ ਸਹਾਇਤਾ ਦੀ ਲੋੜ ਹੋਵੇ, ਉਹ ਇਸ ਟੋਲ ਫਰੀ ਨੰਬਰ 15100 ਤੇ ਫੋਨ ਕਰਕੇ ਮੁਫਤ ਸਹਾਇਤਾ ਪ੍ਰਾਪਤ ਕਰ ਸਕਦਾ ਏ। ਓਹਨਾ ਨੇ ਦੱਸਿਆ ਕਿ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਵਲੋਂ ਵੱਖ ਵੱਖ ਪਿੰਡਾ ਵਿੱਚ ਕੇੱਦਰ ਸਰਕਾਰ, ਸੂਬਾ ਸਰਕਾਰ, ਜਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਵਲੋ ਲੋਕ ਹਿੱਤ ਵਾਸਤੇ ਚਲਾਈਆ ਜਾ ਰਹੀਆ ਯੋਜਨਾਵਾਂ ਪ੍ਰਤੀ ਜਾਗਰੁਕਤਾ ਮੁਹਿੰਮ ਚਲਾਈ ਜਾ ਰਹੀ ਏ ਅਤੇ ਸੈਮੀਨਾਰ ਵਿਚ ਵਕੀਲਾਂ, ਸਮਾਜ ਸੇਵਕਾਂ ਵਲੋਂ ਹਿੱਸਾ ਲਿਆ ਜਾ ਰਿਹਾ ਏ।

------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਖਿਲਾਫ ਚਲਾਈ ਮੁਹਿੰਮ ਦੌਰਾਨ, ਜ਼ਿਲ੍ਹਾ ਫਿਰੋਜਪੁਰ ਦੇ ਵੱਖ ਵੱਖ ਪਿੰਡਾਂ ਵਿੱਚ ਸਾਲ 2018-2019 ਵਿੱਚ ਮਾਈਨਿੰਗ ਮਹਿਕਮੇ ਦੇ ਅਧਿਕਾਰੀਆਂ ਤੇ ਮੁਲਾਜ਼ਮਾਂ ਨਾਲ ਮਿਲੀ-ਭੁਗਤ ਰਾਹੀਂ ਨਾਜਾਇਜ਼ ਮਾਈਨਿੰਗ ਕਰਨ ਵਾਲੇ ਇਕ ਕੰਪਨੀ ਦੇ ਠੇਕੇਦਾਰ ਮਹਾਂਵੀਰ ਸਿੰਘ ਨੂੰ ਰਾਜਸਥਾਨ ਤੋਂ ਗ੍ਰਿਫ਼ਤਾਰ ਕੀਤਾ ਏ ।ਇਸ ਸਬੰਧ ਵਿੱਚ ਮਾਈਨਿੰਗ ਮਹਿਕਮੇ ਦੇ ਤਤਕਾਲੀ ਅਧਿਕਾਰੀਆਂ, ਤੇ ਮੁਲਾਜ਼ਮਾਂ ਖਿਲਾਫ਼ ਵੀ ਸਾਜਿਸ਼ ਰਚਣ ਅਤੇ ਭ੍ਰਿਸ਼ਟਾਚਾਰ ਕਰਨ ਦਾ ਕੇਸ ਦਰਜ ਕੀਤਾ ਗਿਆ ਏ । ਪੰਜਾਬ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਪੜਤਾਲ ਦੌਰਾਨ ਪਾਇਆ ਗਿਆ ਏ ਕਿ ਨਾਜਾਇਜ਼ ਮਾਈਨਿੰਗ ਕਰਨ ਨਾਲ, ਸਰਕਾਰ ਨੂੰ 35 ਕਰੋੜ ਰੁਪਏ ਦਾ ਨੁਕਸਾਨ ਹੋਇਆ ਏ। ਇਸ ਮਾਮਲੇ ਸਬੰਧੀ ਹੋਰ ਤਫਤੀਸ਼ ਜਾਰੀ ਏ । ਗ੍ਰਿਫ਼ਤਾਰ ਕੀਤੇ ਮੁਲਜ਼ਮ ਠੇਕੇਦਾਰ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ।

---------------------------------------------------------------

ਸੂਬੇ ਵਿਚ ਡਾਈ-ਅਮੋਨੀਅਮ ਫਾਸਫੇਟ (ਡੀ.ਏ.ਪੀ.) ਖਾਦ ਦੀ ਕਾਲਾ-ਬਜ਼ਾਰੀ ਰੋਕਣ ਲਈ, ਪ੍ਰਸਾਸ਼ਨ ਅਤੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਚੌਕਸ ਨੇ। ਇਸੇ ਸੰਬੰਧ'ਚ ਮਲੇਰਕੋਟਲਾ ਦੇ ਡਿਪਟੀ ਕਮਿਸ਼ਨਰ ਡਾ ਪੱਲਵੀ ਦੇ ਦਿਸ਼ਾ ਨਿਰਦੇਸਾਂ ਅਨੁਸਾਰ ਜ਼ਿਲ੍ਹੇ ਵਿੱਚ ਡੀ.ਏ.ਪੀ ਦੀ ਕਾਲਾਬਾਜਾਰੀ ਅਤੇ ਜ਼ਮਾਖੋਰੀ ਅਤੇ ਹੋਰ ਉਤਪਾਦਾਂ ਦੀ ਬੇਲੋੜੀ ਟੈਗਿੰਗ 'ਤੇ ਸਖਤ ਨਜਰ ਰੱਖਣ ਲਈ, ਜਿਲ੍ਹੇ ਦੇ ਪ੍ਰਸਾਸ਼ਿਨਕ ਅਧਿਕਾਰੀ ਅਤੇ ਕਿਸਾਨ ਭਲਾਈ ਤੇ ਖੇਤੀਬਾੜੀ ਵਿਭਾਗ ਦੀਆਂ ਟੀਮਾਂ ਬਲਾਕਾਂ ਪੱਧਰ ਤੇ ਖਾਦ ਡੀਲਰਾਂ ਅਤੇ ਵਿਕ੍ਰੇਤਾਵਾਂ ਤੇ ਨਜ਼ਰ ਰੱਖ ਰਹੀਆਂ ਨੇ । ਅਮਰਗੜ੍ਹ ਦੇ ਐਸ.ਡੀ.ਐਮ.ਸੁਰਿੰਦਰ ਕੌਰ ਦੀ ਅਗਵਾਈ ਵਿੱਚ, ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਵਲੋਂ ਟੀਮ ਸਮੇਤ ਕਿਸਾਨਾਂ ਨੂੰ, ਡੀ.ਏ.ਪੀ ਖਾਦ ਦੀ ਨਿਰਵਿਘਨ ਸਪਲਾਈ ਨੂੰ ਯਕੀਨੀ ਬਣਾਉਣ ਲਈ ਪਿੰਡ ਮੰਨਵੀ, ਚੌਦਾ, ਭੁਰਥਲ ਮੰਡੇਰ, ਜਲਾਲਗੜ੍ਹ, ਰੁੜਕੀ ਕਲ੍ਹਾਂ ਪਿੰਡਾਂ ਵਿਖੇ, ਕਰੀਬ 10 ਫਰਟੀ-ਲਾਈਜ਼ਰ ਅਤੇ ਪੈਸਟੀ-ਸਾਈਡਜ

ਡੀਲਰਾਂ ਦੀ ਚੈਕਿੰਗ ਕੀਤੀ । ਐਸ.ਡੀ.ਐਮ.ਨੇ ਡੀਲਰਾਂ ਨੂੰ ਕਿਹਾ ਕਿ ਕਿਸੇ ਦੁਕਾਨਦਾਰ ਜਾ ਡੀਲਰ ਵਲੋਂ ਡੀ.ਏ.ਪੀ ਦੀ ਵਿਕਰੀ ਤੈਅ ਕੀਮਤ ਤੋਂ ਵੱਧ ਜਾਂ ਇਸਦੀ ਕਾਲਾਬਜਾਰੀ ਕਰਦਿਆਂ ਪਾਈ ਗਈ ਤਾਂ ਉਸ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਜੇਕਰ ਕੋਈ ਖਾਦ ਵਿਕਰੇਤਾ ਤੈਅ ਕੀਮਤ ਤੋਂ ਜ਼ਿਆਦਾ'ਤੇ ਡੀ.ਏ.ਪੀ ਖਾਦ ਦਿੰਦਾ ਏ ਅਤੇ ਨਾਲ ਹੋਰ ਕੋਈ ਵਸਤੂ ਖ਼ਰੀਦਣ ਲਈ ਮਜਬੂਰ ਕਰਦਾ ਏ ਤਾਂ ਉਸ ਸਬੰਧੀ ਖੇਤੀਬਾੜੀ ਵਿਭਾਗ ਦੇ ਧਿਆਨ ਵਿੱਚ ਲਿਆਂਦਾ ਜਾਵੇ ਤਾਂ ਜੋ ਖਾਦ ਕੰਟਰੋਲ ਆਰਡਰ 1985 ਤਹਿਤ ਕਾਰਵਾਈ ਕੀਤੀ ਜਾ ਸਕੇ।

---------------------------------------------------------

ਇੰਡੀਅਨ ਏਅਰ-ਲਾਈਨਸ ਤੇ ਏਅਰ ਇੰਡੀਆ ਦੇ ਅੰਤਰ-ਰਾਸ਼ਟਰੀ ਹਾਕੀ ਖਿਡਾਰੀ ਅਤੇ ਸੁਰਜੀਤ ਹਾਕੀ ਸੁਸਾਇਟੀ, ਜਲੰਧਰ ਦੇ ਸੰਸਥਾਪਕ ਮੈਂਬਰ ਗੁਰਚਰਨ ਸਿੰਘ, ਜਿਹਨਾਂ ਨੂੰ ਹਾਕੀ ਦੇ ਖੇਤਰ ਵਿਚ 'ਗੁਰੂ' ਅਤੇ 'ਡਾਕਟਰ' ਦੇ ਨਾਮ ਨਾਲ ਜਾਣਿਆ ਜਾਂਦਾ ਸੀ, ਦਾ ਅੱਜ ਸਵੇਰੇ ਜਲੰਧਰ ਵਿਚ ਦੇਹਾਂਤ ਹੋ ਗਿਆ । ਸੁਰਜੀਤ ਹਾਕੀ

ਸੁਸਾਇਟੀ ਦੇ ਪ੍ਰਧਾਨ ਅਤੇ ਜਿਲ੍ਹੇ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅੱਗਰਵਾਲ ਸਮੇਤ ਓਲੰਪੀਅਨ ਅਜੀਤ ਪਾਲ ਸਿੰਘ ਅਤੇ ਹੋਰਨਾਂ ਨੇ, ਗੁਰਚਰਨ ਸਿੰਘ ਦੇ ਪਰਿਵਾਰ ਨਾਲ ਉਹਨਾਂ ਦੀ ਬੇ- ਬੇਵਕਤੀ ਮੌਤ ਉਪਰ, ਉਹਨਾਂ ਦੀ ਧਰਮਪਤਨੀ ਜਗ-ਤੇਸ਼ਵਰ ਕੌਰ ਅਤੇ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਦਾ ਅੰਤਿਮ ਸੰਸਕਾਰ ਕਲ ਬਾਅਦ ਦੁਪਹਿਰ 3 ਵਜੇ ਜਲੰਧਰ ਦੇ ਮਾਡਲ ਟਾਊਨ ਸਥਿਤ ਸ਼ਮਸ਼ਾਨ ਘਾਟ ਵਿਖੇ ਕੀਤਾ ਜਾਵੇਗਾ।

---------------------------------------------------------------

ਭਾਰਤ ਦੀ ਮਰਦਾਂ ਦੀ ਹਾਕੀ ਟੀਮ ਦੇ ਕਪਤਾਨ ਹਰਮਨਪ੍ਰੀਤ ਸਿੰਘ ਅਤੇ ਸਾਬਕਾ ਗੋਲਕੀਪਰ ਪੀਆਰ ਸ਼੍ਰੀਜੇਸ਼ ਨੇ, ਸਾਲ 2024 ਲਈ FIH ਪਲੇਅਰ ਆਫ ਦ ਈਯਰ ਅਤੇ ਗੋਲਕੀਪਰ ਆਫ ਦ ਈਯਰ ਖਿਤਾਬ ਜਿੱਤੇ ਨੇ। ਹਰਮਨਪ੍ਰੀਤ ਅਤੇ ਸ਼੍ਰੀਜੇਸ਼ ਦੋਵਾਂ ਨੂੰ ਕੱਲ੍ਹ ਓਮਾਨ ਵਿੱਚ 49ਵੀਂ FIH ਸਟੈਚੂ-ਟਰੀ ਕਾਂਗਰਸ ਦੌਰਾਨ ਇਹ ਮਾਨਤਾ ਮਿਲੀ। ਦੋ ਵਾਰ ਦੇ ਓਲੰਪਿਕ ਕਾਂਸੀ ਤਮਗਾ ਜੇਤੂ ਹਰਮਨਪ੍ਰੀਤ ਨੂੰ, ਓਹਨਾਂ ਦੀ ਸ਼੍ਰੇਣੀ ਵਿੱਚ ਪਈਆਂ ਕੁੱਲ ਵੋਟਾਂ

ਵਿੱਚੋਂ 63 ਫੀਸਦੀ ਤੋਂ ਵੱਧ ਵੋਟਾਂ ਮਿਲੀਆਂ। ਇਸੇ ਤਰ੍ਹਾਂ, ਸ਼੍ਰੀਜੇਸ਼ ਨੇ ਆਪਣੀ ਸ਼੍ਰੇਣੀ ਦੀਆਂ ਸਾਰੀਆਂ ਵੋਟਾਂ ਵਿਚੋਂ 62 ਫੀਸਦੀ ਤੋਂ ਵੱਧ ਵੋਟਾਂ ਹਾਸਿਲ ਕੀਤੀਆਂ। ਜੇਤੂਆਂ ਦੀ ਚੋਣ, ਮਾਹਿਰ ਪੈਨਲ, ਰਾਸ਼ਟਰੀ ਹਾਕੀ ਐਸੋਸੀਏਸ਼ਨਾਂ, ਪ੍ਰਸ਼ੰਸਕਾਂ ਅਤੇ ਮੀਡੀਆ ਦੀ ਸ਼ਮੂਲੀਅਤ ਵਾਲੀ ਵੋਟਿੰਗ ਪ੍ਰਕਿਰਿਆ ਰਾਹੀਂ ਕੀਤੀ ਗਈ ਸੀ। ਹਰਮਨਪ੍ਰੀਤ ਇਸ ਤੋਂ ਪਹਿਲਾਂ 2020-21 ਅਤੇ 2021-22 ਵਿੱਚ ਦੋ ਮੌਕਿਆਂ 'ਤੇ, FIH ਪਲੇਅਰ ਆਫ ਦ ਈਅਰ ਅਵਾਰਡ ਜਿੱਤ ਚੁੱਕੇ ਨੇ। ਪੀ.ਆਰ. ਸ਼੍ਰੀਜੇਸ਼ ਪੈਰਿਸ ਓਲੰਪਿਕ ਦੀ ਕਾਂਸੀ ਤਮਗਾ ਜੇਤੂ ਟੀਮ ਦਾ ਹਿੱਸਾ ਸਨ। ਉਨ੍ਹਾਂ ਨੇ ਪੈਰਿਸ 2024 ਓਲੰਪਿਕ ਵਿੱਚ ਆਪਣੇ ਸ਼ਾਨਦਾਰ ਕੈਰੀਅਰ ਦੀ ਸਮਾਪਤੀ ਕੀਤੀ।

---

## <u>ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>

- ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਏ ਕਿ ਸਿੱਖਿਆ ਵਿੱਚ ਨਿਵੇਸ਼ ਕਰਨਾ, ਸਮਾਜ ਦੀ ਸੇਵਾ ਕਰਨ ਦਾ ਸਭ ਤੋਂ ਪ੍ਰਭਾਵਸ਼ਾਲੀ ਤਰੀਕਾ ਏ।

- ਕੇਂਦਰ ਸਰਕਾਰ ਨੇ ਕਿਹਾ ਏ ਕਿ ਪੰਜਾਬ ਦੀਆਂ ਮੰਡੀਆਂ ਵਿੱਚ, 126 ਲੱਖ ਮੀਟ੍ਰਿਕ ਟਨ ਤੋਂ ਵੱਧ ਝੋਨਾ ਪਹੁੰਚ ਚੁੱਕਾ ਏ ।
- ਪੰਜਾਬ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ ਲਗਾਤਾਰ ਵਾਧਾ -ਪਰਾਲੀ ਸਾੜ੍ਹਨ ਦੇ ਹੁਣ ਤੱਕ 5 ਹਜ਼ਾਰ 299 ਮਾਮਲੇ ਦਰਜ ਹੋਏ ।
- ਕੌਮੀ ਕਾਨੂੰਨੀ ਸੇਵਾਵਾਂ ਦਿਵਸ ਮੌਕੇ ਅੱਜ ਪੰਜਾਬ ਸਮੇਤ ਦੇਸ਼ ਭਰ ਵਿਚ ਵੱਖ-ਵੱਖ ਥਾਂਵਾ ਤੇ ਜ਼ਿਲ੍ਹਾ ਪੱਧਰੀ ਸੈਮੀਨਾਰ ਕਰਵਾਏ ਗਏ।
- ਭਾਰਤ ਦੀ ਮਰਦਾਂ ਦੀ ਹਾਕੀ ਟੀਮ ਦੇ ਕਪਤਾਨ ਹਰਮਨਪ੍ਰੀਤ ਸਿੰਘ ਅਤੇ ਸਾਬਕਾ ਗੋਲਕੀਪਰ ਪੀ.ਆਰ. ਸ਼੍ਰੀਜੇਸ਼ ਨੇ, ਸਾਲ 2024 ਲਈ, FIH ਪਲੇਅਰ ਆਫ ਦ ਈਯਰ ਅਤੇ ਗੋਲਕੀਪਰ ਆਫ ਦ ਈਯਰ ਖਿਤਾਬ ਜਿੱਤੇ ।